# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

## 20:30

**ਮਿਤੀ : 11-10-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੇ ਨੌਜਵਾਨਾਂ ਵਿੱਚ, ਦੁਨੀਆ 'ਚ ਉੱਭਰ ਰਹੀਆਂ ਚੁਣੌਤੀਆਂ ਦੇ ਹੱਲ ਮੁਹੱਈਆ ਕਰਵਾਉਣ ਦੀ ਪ੍ਰਤਿਭਾ ਅਤੇ ਸਮਰੱਥਾ ਮੌਜੂਦ ਏ।

- ਸ਼੍ਰੀ ਮੋਦੀ ਨੇ ਅੱਜ ਚੇਨਈ ਵਿੱਚ, 13 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਲਾਗਤ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

- ਸੁਪਰੀਮ ਕੋਰਟ ਨੇ ਸ਼ਾਂਤੀਪੂਰਨ ਢੰਗ ਨਾਲ ਇਕੱਤਰ ਹੋਣ ਵਾਲੇ ਲੋਕਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਹਿਰਾਸਤ ਵਿੱਚ ਨਾ ਲੈਣ ਅਤੇ ਆਵਾਜਾਈ ਨੂੰ ਨਿਰਵਿਘਨ ਜਾਰੀ ਰੱਖਣ ਦੇ ਨਿਰਦੇਸ਼ ਦਿੱਤੇ ਨੇ।

- ਭਾਰਤ ਨੇ ਨਵੀਂ ਦਿੱਲੀ ਵਿੱਚ ਕੱਲ੍ਹ ਦੀਆਂ ਘਟਨਾਵਾਂ ਬਾਰੇ, ਮਨੁੱਖੀ ਅਧਿਕਾਰਾਂ ਬਾਰੇ ਹਾਈ ਕਮਿਸ਼ਨਰ ਦੇ ਦਫ਼ਤਰ ਦੀਆਂ ਟਿੱਪਣੀਆਂ ਨੂੰ, ਦੇਸ਼ ਦੇ ਅੰਦਰੂਨੀ ਮਾਮਲਿਆਂ ਵਿੱਚ ਦਖਲਅੰਦਾਜ਼ੀ ਕਰਾਰ ਦਿੰਦਿਆਂ ਰੱਦ ਕੀਤਾ ਏ।

- ਨਿਸ਼ਾਨੇਬਾਜ਼ੀ ਵਿੱਚ ਭਾਰਤ ਦੇ ਉਦੈਵੀਰ ਸਿੱਧੂ ਨੇ ਮਿਸਰ ਦੇ ਕਾਹਿਰਾ ਵਿੱਚ, ISSF ਵਿਸ਼ਵ ਕੱਪ ਵਿੱਚ, ਮਰਦਾਂ ਦੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ, ਸੋਨੇ ਦਾ ਤਮਗਾ ਜਿੱਤਿਆ ਏ।

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਦੁਨੀਆ ਉੱਭਰ ਰਹੀਆਂ ਚੁਣੌਤੀਆਂ ਦੇ ਹੱਲ ਲੱਭ ਰਹੀ ਏ। ਉਨ੍ਹਾਂ ਨੇ ਭਰੋਸਾ ਪ੍ਰਗਟਾਇਆ ਕਿ ਭਾਰਤ ਦੇ ਨੌਜਵਾਨਾਂ ਵਿੱਚ ਇਹ ਹੱਲ ਮੁਹੱਈਆ ਕਰਵਾਉਣ ਦੀ ਪ੍ਰਤਿਭਾ ਅਤੇ ਸਮਰੱਥਾ ਮੌਜੂਦ ਏ। ਸ੍ਰੀ ਮੋਦੀ ਨੇ ਅੱਜ ਸ਼ਾਮ ਚੇਨਈ ਵਿਖੇ ਜਯਗੋਪਾਲ ਗਾਰੋਦੀਆਂ ਹਿੰਦੂ ਸਕੂਲ ਦੇ ਗੋਲਡਨ ਜੁਬਲੀ ਸਮਾਰੋਹ ਦੌਰਾਨ, ਇਹ ਗੱਲ ਕਹੀ। ਸ੍ਰੀ ਮੋਦੀ ਨੇ ਕਿਹਾ ਕਿ ਵਿਕਸਿਤ ਭਾਰਤ ਦੇ ਸੁਪਨੇ ਨੂੰ ਸਾਕਾਰ ਕਰਨ ਵਿੱਚ ਨੌਜਵਾਨ ਅਹਿਮ ਭੂਮਿਕਾ ਨਿਭਾਉਣਗੇ।

**BYTE: PM VIKSIT BHARAT**

ਉਨ੍ਹਾਂ ਕਿਹਾ ਕਿ ਭਾਰਤ, ਨੌਜਵਾਨਾਂ ਨੂੰ ਬਹੁਤ ਵੱਡੇ ਮੌਕੇ ਪ੍ਰਦਾਨ ਕਰ ਰਿਹਾ ਏ। ਉਨ੍ਹਾਂ ਨੌਜਵਾਨਾਂ ਨੂੰ ਆਪਣੀ ਸਮਰੱਥਾ ਦੀ ਵਰਤੋਂ ਕਰਨ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਣ ਦੀ ਅਪੀਲ ਕੀਤੀ।

ਭਾਰਤ ਦੇ ਨਿਰਮਾਣ ਖੇਤਰ ਦੇ ਵਿਕਾਸ ਦਾ ਜ਼ਿਕਰ ਕਰਦਿਆਂ, ਸ੍ਰੀ ਮੋਦੀ ਨੇ ਕਿਹਾ ਕਿ ਇਸ ਖੇਤਰ ਦੇ ਵਿਸਥਾਰ ਨੇ ਨੌਜਵਾਨਾਂ ਲਈ ਸਿੱਧੇ ਅਤੇ ਅਸਿੱਧੇ ਰੁਜ਼ਗਾਰ ਦੇ ਮੌਕੇ ਪੈਦਾ ਕੀਤੇ ਨੇ। ਉਨ੍ਹਾਂ ਕਿਹਾ ਕਿ ਭਾਰਤ ਦੇ ਰੱਖਿਆ ਖੇਤਰ ਵਿੱਚ 50 ਗੁਣਾ ਵਾਧਾ ਹੋਇਆ ਏ ਅਤੇ ਇੰਜੀਨੀਅਰਿੰਗ ਬਰਾਮਦ ਨੇ ਵੀ ਇੱਕ ਨਵਾਂ ਰਿਕਾਰਡ ਕਾਇਮ ਕੀਤਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਭਾਰਤ ਦੁਨੀਆ ਦਾ ਦੂਜਾ ਸਭ ਤੋਂ ਵੱਡਾ ਮੋਬਾਈਲ ਫੋਨ ਨਿਰਮਾਤਾ ਬਣ ਗਿਆ ਏ। ਉਨ੍ਹਾਂ ਕਿਹਾ ਕਿ 2014 ਤੋਂ ਇਲੈਕਟ੍ਰਾਨਿਕ ਵਸਤਾਂ ਦੀ ਬਰਾਮਦ ਵਿੱਚ 11 ਗੁਣਾ ਵਾਧਾ ਹੋਇਆ ਏ। ਮੈਟਰੋ ਰੇਲ ਸੇਵਾਵਾਂ ਦਾ ਜ਼ਿਕਰ ਕਰਦਿਆਂ, ਸ੍ਰੀ ਮੋਦੀ ਨੇ ਕਿਹਾ ਕਿ ਇਹ ਸੇਵਾ ਕਈ ਸ਼ਹਿਰਾਂ ਤੱਕ ਪਹੁੰਚ ਗਈ ਏ. 2014 ਵਿੱਚ ਮੈਟਰੋ ਸੇਵਾਵਾਂ ਪੰਜ ਸ਼ਹਿਰਾਂ ਵਿੱਚ ਉਪਲਬਧ ਸਨ, ਜਦਕਿ ਹੁਣ ਇਨ੍ਹਾਂ ਦਾ ਵਿਸਥਾਰ 25 ਸ਼ਹਿਰਾਂ ਤੱਕ ਹੋ ਗਿਆ ਏ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਅੱਜ ਚੇਨਈ ਵਿੱਚ, I.I.T.-ਮਦਰਾਸ ਵਿਖੇ ਇੱਕ ਸਮਾਗਮ ਦੌਰਾਨ, 13 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਲਾਗਤ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

ਇਨ੍ਹਾਂ ਵਿੱਚ ਸੜਕ ਅਤੇ ਰੇਲ ਆਵਾਜਾਈ, ਬੰਦਰਗਾਹਾਂ ਦਾ ਬੁਨਿਆਦੀ ਢਾਂਚਾ, ਪੈਟਰੋਲੀਅਮ ਅਤੇ ਵਿਗਿਆਨਕ ਖੋਜ ਸੰਬੰਧੀ ਪ੍ਰੋਜੈਕਟ ਸ਼ਾਮਲ ਨੇ। ਇਸ ਮੌਕੇ, ਤਾਮਿਲਨਾਡੂ ਦੇ ਮੁੱਖ ਮੰਤਰੀ ਸੀ. ਜੋਸੇਫ਼ ਵਿਜੇ ਵੀ ਮੌਜੂਦ ਸਨ।

ਪ੍ਰਧਾਨ ਮੰਤਰੀ ਨੇ ਇਸ ਨੂੰ ਇੱਕ ਇਤਿਹਾਸਕ ਮੌਕਾ ਦੱਸਿਆ। ਉਨ੍ਹਾਂ ਕਿਹਾ ਕਿ ਇਹ ਪ੍ਰੋਜੈਕਟ ਸੰਪਰਕ ਨੂੰ ਬਿਹਤਰ ਬਣਾਉਣਗੇ, ਉਦਯੋਗ ਅਤੇ ਵਪਾਰ ਨੂੰ ਮਜ਼ਬੂਤ ਕਰਨਗੇ ਅਤੇ ਰਾਜ ਦੇ ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨਗੇ। ਸ੍ਰੀ ਮੋਦੀ ਨੇ ਕਿਹਾ ਕਿ ਇਹ ਪ੍ਰੋਜੈਕਟ ਰੋਜ਼ਾਨਾ ਆਵਾਜਾਈ ਨੂੰ ਆਸਾਨ ਬਣਾਉਣਗੇ ਅਤੇ ਰਾਜ ਦੇ ਆਰਥਿਕ ਵਿਕਾਸ ਲਈ ਮਦਦਗਾਰ ਸਾਬਤ ਹੋਣਗੇ।

ਉਨ੍ਹਾਂ ਕਿਹਾ ਕਿ ਸਰਕਾਰ ਵਿੱਚ ਤਬਦੀਲੀ ਦੇ ਬਾਵਜੂਦ, ਤਾਮਿਲਨਾਡੂ ਦੇ ਵਿਕਾਸ ਅਤੇ ਉੱਥੋਂ ਦੇ ਲੋਕਾਂ ਦੀ ਭਲਾਈ ਪ੍ਰਤੀ ਵਚਨਬੱਧਤਾ ਵਿੱਚ ਕੋਈ ਤਬਦੀਲੀ ਨਹੀਂ ਆਈ ਏ। ਉਨ੍ਹਾਂ ਕਿਹਾ ਕਿ ਉਹ ਮੁੱਖ ਮੰਤਰੀ ਸੀ. ਜੋਸੇਫ਼ ਵਿਜੇ ਦੇ ਸਹਿਯੋਗ ਨਾਲ ਇਸ ਸਫ਼ਰ ਨੂੰ ਜਾਰੀ ਰੱਖਣਗੇ।

ਸ੍ਰੀ ਮੋਦੀ ਨੇ ਕਿਹਾ ਕਿ ਉਨ੍ਹਾਂ ਨੇ ਸਰਕਾਰ ਦੇ ਮੁਖੀ ਵਜੋਂ, 25 ਸਾਲ ਪੂਰੇ ਕਰ ਲਏ ਨੇ। ਪ੍ਰਧਾਨ ਮੰਤਰੀ ਬਣਨ ਤੋਂ ਪਹਿਲਾਂ, ਉਨ੍ਹਾਂ ਨੇ ਅਕਤੂਬਰ 2001 ਵਿੱਚ ਗੁਜਰਾਤ ਦੇ ਮੁੱਖ ਮੰਤਰੀ ਵਜੋਂ ਸਹੁੰ ਚੁੱਕੀ ਸੀ। ਸ੍ਰੀ ਮੋਦੀ ਨੇ ਕਿਹਾ ਕਿ ਭਾਰਤ ਦੀ ਤਰੱਕੀ ਨੂੰ ਇਸ ਦੇ ਅਮੀਰ ਸੱਭਿਆਚਾਰਕ ਵਿਰਸੇ, ਵਿਗਿਆਨਕ ਪ੍ਰਾਪਤੀਆਂ ਅਤੇ ਆਧੁਨਿਕ ਬੁਨਿਆਦੀ ਢਾਂਚੇ ਤੋਂ ਤਾਕਤ ਮਿਲਦੀ ਏ। ਤਾਮਿਲਨਾਡੂ ਵਿੱਚ ਮੰਦਰਾਂ, ਵਿਗਿਆਨਕ ਸੰਸਥਾਵਾਂ ਅਤੇ

ਮੈਟਰੋ ਰੇਲ ਨੈੱਟਵਰਕ ਦੀ ਮਿਸਾਲ ਦਿੰਦਿਆਂ, ਉਨ੍ਹਾਂ ਕਿਹਾ ਕਿ ਪਰੰਪਰਾ ਅਤੇ ਆਧੁਨਿਕ ਵਿਕਾਸ, ਨਾਲ-ਨਾਲ ਚੱਲ ਸਕਦੇ ਨੇ। ਪ੍ਰਧਾਨ ਮੰਤਰੀ ਨੇ ਨਵਰਾਤਰੀ ਦੇ ਮੌਕੇ 'ਤੇ ਲੋਕਾਂ ਨੂੰ ਵਧਾਈ ਵੀ ਦਿੱਤੀ।

ਸ੍ਰੀ ਮੋਦੀ ਨੇ ਆਈ.ਆਈ.ਟੀ. ਮਦਰਾਸ ਵਿਖੇ 'ਸੁਧਾ ਗੋਪਾਲਕ੍ਰਿਸ਼ਨਨ ਬ੍ਰੇਨ ਸੈਂਟਰ' ਰਾਸ਼ਟਰ ਨੂੰ ਸਮਰਪਿਤ ਕੀਤਾ।

ਪਹਿਲਾਂ ਦਿਨੇ, ਸ੍ਰੀ ਮੋਦੀ ਨੇ ਚੇਨਈ ਮੈਟਰੋ ਰੇਲ ਪ੍ਰੋਜੈਕਟ ਦੇ ਦੂਜੇ ਪੜਾਅ ਦੇ ਪੂਨਮਾਲੀ-ਵਾਡਾਪਲਾਨੀ ਹਿੱਸੇ ਦਾ ਉਦਘਾਟਨ ਕੀਤਾ। ਇਹ ਲਗਭਗ 4,900 ਕਰੋੜ ਰੁਪਏ ਦੀ ਲਾਗਤ ਨਾਲ ਬਣਾਇਆ ਗਿਆ ਏ। ਪ੍ਰਧਾਨ ਮੰਤਰੀ ਅਤੇ ਮੁੱਖ ਮੰਤਰੀ ਸੀ. ਜੋਸੇਫ ਵਿਜੇ ਨੇ ਸਾਂਝੇ ਤੌਰ 'ਤੇ ਨਵੀਆਂ ਮੈਟਰੋ ਸੇਵਾਵਾਂ ਨੂੰ ਹਰੀ ਝੰਡੀ ਦਿਖਾਈ ਅਤੇ ਰੇਲਗੱਡੀ ਵਿੱਚ ਸਫ਼ਰ ਕੀਤਾ।

-----------------------------------------------------------------

ਭਾਰਤੀ ਜਨਤਾ ਪਾਰਟੀ ਨੇ ਸੰਸਦ ਮੈਂਬਰ ਅਤੇ ਪ੍ਰੋਫੈਸਰ ਬਿਮੋਲ ਅਕੋਈਜਾਮ ਵਿਰੁੱਧ ਕਾਰਵਾਈ ਨਾ ਕਰਨ ਲਈ ਕਾਂਗਰਸ ਦੀ ਆਲੋਚਨਾ ਕੀਤੀ ਏ। ਜਵਾਹਰ ਲਾਲ ਨਹਿਰੂ ਯੂਨੀਵਰਸਿਟੀ ਨੇ ਜਿਣਸੀ ਦੁਰਵਿਵਹਾਰ ਦੇ ਇਲਜ਼ਾਮਾਂ ਤੋਂ ਬਾਅਦ, ਬਿਮੋਲ ਅਕੋਈਜਾਮ ਦੀਆਂ ਸੇਵਾਵਾਂ ਖਤਮ ਕਰ ਦਿੱਤੀਆਂ ਨੇ।

ਬੀਜੇਪੀ ਦੇ ਸੰਸਦ ਮੈਂਬਰ ਬਾਂਸੁਰੀ ਸਵਰਾਜ ਨੇ ਅੱਜ ਨਵੀਂ ਦਿੱਲੀ ਵਿੱਚ ਕਾਂਗਰਸ ਦੀ ਚੋਟੀ ਦੀ ਲੀਡਰਸ਼ਿਪ ਦੀ ਚੁੱਪ 'ਤੇ ਸਵਾਲ ਚੁੱਕੇ। ਉਨ੍ਹਾਂ ਨੇ

ਸੰਸਦ ਮੈਂਬਰ ਵਿਰੁੱਧ ਸਖ਼ਤ ਅਨੁਸ਼ਾਸਨੀ ਕਾਰਵਾਈ ਅਤੇ ਉਸ ਨੂੰ ਤੁਰੰਤ ਮੁਅੱਤਲ ਕਰਨ ਦੀ ਮੰਗ ਕੀਤੀ।

ਸ੍ਰੀਮਤੀ ਸਵਰਾਜ ਨੇ ਦੱਸਿਆ ਕਿ ਇਸ ਸਾਲ ਮਈ ਵਿੱਚ, 11 ਵਿਦਿਆਰਥਣਾਂ ਨੇ ਬਿਮੋਲ ਅਕੋਈਜਾਮ ਵਿਰੁੱਧ ਜਿਣਸੀ ਸ਼ੋਸ਼ਣ ਦੀਆਂ ਸ਼ਿਕਾਇਤਾਂ ਦਰਜ ਕਰਵਾਈਆਂ ਸਨ। ਮਾਮਲੇ ਦੀ ਜਾਂਚ ਕਰਨ ਤੋਂ ਬਾਅਦ, ਯੂਨੀਵਰਸਿਟੀ ਨੇ ਬਿਮੋਲ ਨੂੰ ਪ੍ਰੋਫੈਸਰ ਦੇ ਅਹੁਦੇ ਤੋਂ ਹਟਾਉਣ ਦਾ ਫੈਸਲਾ ਕੀਤਾ।

---------------------------------------------------------------

ਸੁਪਰੀਮ ਕੋਰਟ ਨੇ ਸ਼ਾਂਤੀਪੂਰਨ ਢੰਗ ਨਾਲ ਇਕੱਤਰ ਹੋਣ ਵਾਲੇ ਲੋਕਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਹਿਰਾਸਤ ਵਿੱਚ ਨਾ ਲੈਣ ਅਤੇ ਆਵਾਜਾਈ ਨੂੰ ਨਿਰਵਿਘਨ ਜਾਰੀ ਰੱਖਣ ਦੇ ਨਿਰਦੇਸ਼ ਦਿੱਤੇ ਨੇ। ਅਦਾਲਤ ਨੇ ਦਿੱਲੀ ਵਿੱਚ ਬੈਰੀਕੇਡਿੰਗ ਦੇ ਪ੍ਰਬੰਧਾਂ ਦੀ ਸਮੀਖਿਆ ਕਰਨ, ਮੈਟਰੋ ਸੇਵਾਵਾਂ ਨੂੰ ਸਮੇਂ-ਸਾਰਣੀ ਅਨੁਸਾਰ ਚਲਾਉਣ ਅਤੇ ਇੰਟਰਨੈੱਟ ਸੇਵਾਵਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਜਾਰੀ ਰੱਖਣ ਲਈ ਕਿਹਾ ਏ।

ਅਦਾਲਤ ਨੇ ਇਹ ਵੀ ਕਿਹਾ ਕਿ ਵਕੀਲਾਂ ਨੂੰ ਉਨ੍ਹਾਂ ਦੇ ਪੇਸ਼ੇਵਰ ਫਰਜ਼ਾਂ ਦੀ ਪਾਲਣਾ ਕਰਨ ਵਿੱਚ, ਕੋਈ ਰੁਕਾਵਟ ਨਹੀਂ ਆਉਣੀ ਚਾਹੀਦੀ।

ਸੁਪਰੀਮ ਕੋਰਟ ਦੇ ਨਿਰਦੇਸ਼ਾਂ ਦੀ ਕਥਿਤ ਉਲੰਘਣਾ ਲਈ ਅਦਾਲਤੀ ਮਾਣਹਾਨੀ ਦੀ ਕਾਰਵਾਈ ਦੀ ਮੰਗ ਵਾਲੀ ਪਟੀਸ਼ਨ ਦੇ ਸਬੰਧ ਵਿੱਚ,

ਅਦਾਲਤ ਨੇ ਕਿਹਾ ਕਿ ਉਹ ਸਾਰੀਆਂ ਧਿਰਾਂ ਦੀ ਗੱਲ ਸੁਣੇਗੀ ਅਤੇ ਇਹ ਯਕੀਨੀ ਬਣਾਏਗੀ ਕਿ, ਕਿਸੇ ਨੂੰ ਵੀ ਕੋਈ ਦਿੱਕਤ ਪੇਸ਼ ਨਾ ਆਵੇ।

---------------------------------------------------------------

ਭਾਰਤ ਨੇ ਮਨੁੱਖੀ ਅਧਿਕਾਰਾਂ ਬਾਰੇ ਹਾਈ ਕਮਿਸ਼ਨਰ ਦੇ ਦਫ਼ਤਰ (OHCHR) ਦੇ ਦੋਹਰੇ ਮਾਪਦੰਡਾਂ ਅਤੇ ਜਨਤਕ ਮੁੱਦਿਆਂ 'ਤੇ ਪ੍ਰਤੀਕਰਮ ਦੇਣ ਦੇ, ਇਸ ਦੇ ਚੋਣਵੇਂ ਰਵੱਈਏ ਦੀ ਆਲੋਚਨਾ ਕੀਤੀ ਏ। ਭਾਰਤ ਨੇ ਨਵੀਂ ਦਿੱਲੀ ਵਿੱਚ ਕੱਲ੍ਹ ਦੀਆਂ ਘਟਨਾਵਾਂ ਬਾਰੇ ਸੰਸਥਾ ਦੀਆਂ ਟਿੱਪਣੀਆਂ ਨੂੰ ਰੱਦ ਕਰ ਦਿੱਤਾ।

ਵਿਦੇਸ਼ ਮੰਤਰਾਲੇ ਦੇ ਬੁਲਾਰੇ ਰਣਧੀਰ ਜੈਸਵਾਲ ਨੇ ਇੱਕ ਬਿਆਨ ਵਿੱਚ ਸੰਸਥਾ ਦੀਆਂ ਟਿੱਪਣੀਆਂ ਨੂੰ, ਬੇਲੋੜਾ ਅਤੇ ਦੇਸ਼ ਦੇ ਅੰਦਰੂਨੀ ਮਾਮਲਿਆਂ ਵਿੱਚ ਅਪ੍ਰਵਾਨਯੋਗ ਦਖਲਅੰਦਾਜ਼ੀ ਕਰਾਰ ਦਿੱਤਾ। ਸ੍ਰੀ ਜੈਸਵਾਲ ਨੇ ਕਿਹਾ ਕਿ ਭਾਰਤ ਦੇ ਗੁਆਂਢੀ ਇਲਾਕਿਆਂ ਵਿੱਚ ਪ੍ਰਦਰਸ਼ਨਾਂ ਪ੍ਰਤੀ ਹਿੰਸਕ ਪ੍ਰਤੀਕਰਮ ਜਾਂ ਸੰਗਠਨ ਦੇ ਘੇਰੇ 'ਚ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਦੀ ਕਾਰਵਾਈ ਬਾਰੇ ਕੋਈ ਟਿੱਪਣੀ ਨਹੀਂ ਕੀਤੀ ਗਈ। ਉਨ੍ਹਾਂ ਕਿਹਾ ਕਿ ਅਜਿਹਾ ਦੋਹਰਾ ਮਾਪਦੰਡ, ਸੰਸਥਾ ਦੀ ਭਰੋਸੇਯੋਗਤਾ ਨੂੰ ਕਮਜ਼ੋਰ ਕਰਦਾ ਏ ਅਤੇ ਬਹੁ-ਪੱਖੀਵਾਦ ਵਿੱਚ ਵਿਸ਼ਵਾਸ ਨੂੰ ਘਟਾਉਂਦਾ ਏ।

ਸ੍ਰੀ ਜੈਸਵਾਲ ਨੇ ਇਸ ਗੱਲ 'ਤੇ ਜ਼ੋਰ ਦਿੱਤਾ ਕਿ ਭਾਰਤ ਦੁਨੀਆ ਦਾ ਸਭ ਤੋਂ ਵੱਡਾ ਲੋਕਤੰਤਰ ਏ, ਜਿੱਥੇ ਸੰਵਿਧਾਨ ਸ਼ਾਂਤਮਈ ਢੰਗ ਨਾਲ ਇਕੱਤਰ

ਹੋਣ ਦੇ ਅਧਿਕਾਰ ਦੀ ਗਾਰੰਟੀ ਦਿੰਦਾ ਏ ਅਤੇ ਮਜ਼ਬੂਤ ਸੰਸਥਾਵਾਂ, ਸੁਤੰਤਰ ਨਿਆਂਪਾਲਿਕਾ ਤੇ ਆਜ਼ਾਦ ਮੀਡੀਆ ਇਸ ਦੀ ਰਾਖੀ ਕਰਦੇ ਨੇ।

BYTE: RANDHIR JAISWAL

ਸ੍ਰੀ ਜੈਸਵਾਲ ਨੇ ਕਿਹਾ ਕਿ ਕਾਨੂੰਨ ਲਾਗੂ ਕਰਨ ਵਾਲੀਆਂ ਏਜੰਸੀਆਂ ਪੂਰੀ ਤਰ੍ਹਾਂ ਕਾਨੂੰਨ ਅਨੁਸਾਰ ਕੰਮ ਕਰਦੀਆਂ ਨੇ ਅਤੇ ਕਿਸੇ ਵੀ ਸ਼ਿਕਾਇਤ ਦੇ ਨਿਪਟਾਰੇ ਲਈ ਦੇਸ਼ ਦੀਆਂ ਅਦਾਲਤਾਂ, ਸਾਰਿਆਂ ਲਈ ਉਪਲਬਧ ਨੇ।

---------------------------------------------------------------------

ਦਿੱਲੀ ਪੁਲਿਸ ਨੇ ਅੱਜ ਦੱਸਿਆ ਕਿ 'CJP' ਦੇ ਸੰਸਥਾਪਕ ਅਭਿਜੀਤ ਦੀਪਕੇ ਦੀ ਦਾਦੀ ਦੇ ਦੇਹਾਂਤ ਬਾਰੇ ਪਤਾ ਲੱਗਣ 'ਤੇ, ਅਧਿਕਾਰੀਆਂ ਨੇ ਉਨ੍ਹਾਂ ਨਾਲ ਮੁਲਾਕਾਤ ਕਰਕੇ, ਇਹ ਖਬਰ ਦਿੱਤੀ ਸੀ ਅਤੇ ਹਰ ਸੰਭਵ ਮਦਦ ਦੀ ਪੇਸ਼ਕਸ਼ ਕੀਤੀ ਸੀ। ਡੀ.ਸੀ.ਪੀ ਨੇਹਾ ਯਾਦਵ ਨੇ ਅੱਜ ਨਵੀਂ ਦਿੱਲੀ ਵਿੱਚ, ਮੀਡੀਆ ਨੂੰ ਦੱਸਿਆ ਕਿ ਅਧਿਕਾਰੀਆਂ ਨੇ, ਦੀਪਕੇ ਨੂੰ ਕਈ ਵਾਰ ਪੁੱਛਿਆ ਕਿ, ਕੀ ਉਹ ਆਪਣੇ ਮਾਤਾ-ਪਿਤਾ ਨਾਲ ਗੱਲ ਕਰਨਾ ਚਾਹੁੰਦੇ ਨੇ, ਪਰ ਉਨ੍ਹਾਂ ਇਨਕਾਰ ਕਰ ਦਿੱਤਾ। ਉਨ੍ਹਾਂ ਕਿਹਾ ਕਿ CJP ਦਾ ਪਿਛਲਾ ਵਿਹਾਰ ਇਹ ਦਰਸਾਉਂਦਾ ਏ ਕਿ ਉਹ ਕੀਤੇ ਗਏ ਵਾਅਦਿਆਂ ਅਤੇ ਦਿੱਤੀਆਂ ਗਈਆਂ ਹਦਾਇਤਾਂ ਦੀ ਪਾਲਣਾ ਨਹੀਂ ਕਰਦੇ।

---------------------------------------------------------------------

ਭਾਰਤ ਦੇ ਉਦੈਵੀਰ ਸਿੱਧੂ ਨੇ ਅੱਜ ਮਿਸਰ ਦੇ ਕਾਹਿਰਾ ਵਿੱਚ, ISSF ਰਾਈਫਲ ਅਤੇ ਪਿਸਟਲ ਵਿਸ਼ਵ ਕੱਪ ਵਿੱਚ, ਮਰਦਾਂ ਦੇ 10-ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ, ਸੋਨੇ ਦਾ ਤਮਗਾ ਜਿੱਤਿਆ ਏ. 24 ਸਾਲਾ ਨਿਸ਼ਾਨੇਬਾਜ਼ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 240.6 ਅੰਕ ਹਾਸਲ ਕੀਤੇ ਅਤੇ ਜਰਮਨੀ ਦੇ ਕਈ ਵਾਰ ਦੇ ਓਲੰਪਿਕ ਤਮਗਾ ਜੇਤੂ Christian Reitz ਨੂੰ ਅੱਧੇ ਅੰਕਾਂ ਦੇ ਮਾਮੂਲੀ ਫਰਕ ਨਾਲ ਹਰਾਇਆ।

---------------------------------------------------------------

ਕ੍ਰਿਕੇਟ ਵਿੱਚ, ਇੰਦੌਰ ਦੇ ਹੋਲਕਰ ਸਟੇਡੀਅਮ ਵਿਖੇ ਵੈਸਟਇੰਡੀਜ਼ ਖ਼ਿਲਾਫ਼ ਤੀਜੇ 20-20 ਅੰਤਰਰਾਸ਼ਟਰੀ ਮੈਚ ਵਿੱਚ, ਤਾਜ਼ਾ ਖਬਰਾਂ ਮਿਲਣ ਤੱਕ ਭਾਰਤ ਨੇ 18 ਓਵਰਾਂ ਵਿੱਚ 8 ਵਿਕਟਾਂ ਦੇ ਨੁਕਸਾਨ 'ਤੇ 202 ਦੌੜਾਂ ਬਣਾ ਲਈਆਂ ਸਨ। ਇਸ ਤੋਂ ਪਹਿਲਾਂ ਵੈਸਟਇੰਡੀਜ਼ ਨੇ ਟਾਸ ਜਿੱਤ ਕੇ, ਭਾਰਤ ਨੂੰ ਬੱਲੇਬਾਜ਼ੀ ਕਰਨ ਲਈ ਕਿਹਾ।

ਪੰਜ ਮੈਚਾਂ ਦੀ ਲੜੀ ਵਿੱਚ, ਦੋਵੇਂ ਟੀਮਾਂ 1-1 ਮੈਚ ਜਿੱਤ ਕੇ, ਬਰਾਬਰੀ 'ਤੇ ਨੇ।

---------------------------------------------------------------

ਮੌਸਮ ਵਿਭਾਗ ਨੇ ਭਲਕੇ ਪੰਜਾਬ, ਹਰਿਆਣਾ, ਚੰਡੀਗੜ੍ਹ ਅਤੇ ਦਿੱਲੀ ਵਿੱਚ, ਤੇਜ਼ ਹਵਾਵਾਂ ਤੇ ਬਿਜਲੀ ਚਮਕਣ ਨਾਲ ਮੀਂਹ ਦੀ ਪੇਸ਼ੀਨਗੋਈ

ਕੀਤੀ ਏ। ਹਿਮਾਚਲ ਪ੍ਰਦੇਸ਼, ਜੰਮੂ-ਕਸ਼ਮੀਰ ਅਤੇ ਲੱਦਾਖ ਵਿੱਚ ਅਜਿਹੇ ਹਾਲਾਤ ਬਣੇ ਰਹਿਣ ਦੀ ਸੰਭਾਵਨਾ ਏ।

-------------------------------------------------------

ਨੇਪਾਲ ਵਿੱਚ ਗੋਰਖਾ ਜ਼ਿਲ੍ਹੇ ਦੀ ਬੂੜੀ ਗੰਡਕੀ ਨਦੀ ਵਿੱਚ ਅੱਜ ਸਵੇਰੇ ਆਏ ਅਚਾਨਕ ਹੜ੍ਹ ਕਾਰਨ ਕਈ ਮਕਾਨ ਅਤੇ ਪੁਲ ਰੁੜ੍ਹ ਗਏ। ਕਿਸੇ ਵੀ ਜਾਨੀ ਨੁਕਸਾਨ ਦੀ ਕੋਈ ਖ਼ਬਰ ਨਹੀਂ ਏ। ਲਗਭਗ 50 ਲੋਕਾਂ ਨੂੰ ਬਚਾ ਲਿਆ ਗਿਆ ਏ ਅਤੇ 10 ਅਜੇ ਵੀ ਲਾਪਤਾ ਨੇ। ਨੇਪਾਲੀ ਫੌਜ ਦੇ ਜਵਾਨ ਅਤੇ ਹੋਰ ਏਜੰਸੀਆਂ ਖੋਜ ਅਤੇ ਬਚਾਅ ਕਾਰਜਾਂ ਵਿੱਚ ਲੱਗੀਆਂ ਹੋਈਆਂ ਨੇ।

-------------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਦੇ ਨੌਜਵਾਨਾਂ ਵਿੱਚ, ਦੁਨੀਆ 'ਚ ਉੱਭਰ ਰਹੀਆਂ ਚੁਣੌਤੀਆਂ ਦੇ ਹੱਲ ਮੁਹੱਈਆ ਕਰਵਾਉਣ ਦੀ ਪ੍ਰਤਿਭਾ ਅਤੇ ਸਮਰੱਥਾ ਮੌਜੂਦ ਏ।

- ਸ਼੍ਰੀ ਮੋਦੀ ਨੇ ਅੱਜ ਚੇਨਈ ਵਿੱਚ, 13 ਹਜ਼ਾਰ ਕਰੋੜ ਰੁਪਏ ਤੋਂ ਵੱਧ ਦੀ ਲਾਗਤ ਦੇ ਵਿਕਾਸ ਪ੍ਰੋਜੈਕਟਾਂ ਦਾ ਉਦਘਾਟਨ ਕੀਤਾ ਅਤੇ ਨੀਂਹ ਪੱਥਰ ਰੱਖਿਆ।

- ਸੁਪਰੀਮ ਕੋਰਟ ਨੇ ਸ਼ਾਂਤੀਪੂਰਨ ਢੰਗ ਨਾਲ ਇਕੱਤਰ ਹੋਣ ਵਾਲੇ ਲੋਕਾਂ ਨੂੰ ਗੈਰ-ਕਾਨੂੰਨੀ ਢੰਗ ਨਾਲ ਹਿਰਾਸਤ ਵਿੱਚ ਨਾ ਲੈਣ ਅਤੇ ਆਵਾਜਾਈ ਨੂੰ ਨਿਰਵਿਘਨ ਜਾਰੀ ਰੱਖਣ ਦੇ ਨਿਰਦੇਸ਼ ਦਿੱਤੇ ਨੇ।

- ਭਾਰਤ ਨੇ ਨਵੀਂ ਦਿੱਲੀ ਵਿੱਚ ਕੱਲ੍ਹ ਦੀਆਂ ਘਟਨਾਵਾਂ ਬਾਰੇ, ਮਨੁੱਖੀ ਅਧਿਕਾਰਾਂ ਬਾਰੇ ਹਾਈ ਕਮਿਸ਼ਨਰ ਦੇ ਦਫ਼ਤਰ ਦੀਆਂ ਟਿੱਪਣੀਆਂ ਨੂੰ, ਦੇਸ਼ ਦੇ ਅੰਦਰੂਨੀ ਮਾਮਲਿਆਂ ਵਿੱਚ ਦਖਲਅੰਦਾਜ਼ੀ ਕਰਾਰ ਦਿੰਦਿਆਂ ਰੱਦ ਕੀਤਾ ਏ।

- ਨਿਸ਼ਾਨੇਬਾਜ਼ੀ ਵਿੱਚ ਭਾਰਤ ਦੇ ਉਦੈਵੀਰ ਸਿੱਧੂ ਨੇ ਮਿਸਰ ਦੇ ਕਾਹਿਰਾ ਵਿੱਚ, ISSF ਵਿਸ਼ਵ ਕੱਪ ਵਿੱਚ, ਮਰਦਾਂ ਦੇ 10 ਮੀਟਰ ਏਅਰ ਪਿਸਟਲ ਮੁਕਾਬਲੇ ਵਿੱਚ, ਸੋਨੇ ਦਾ ਤਮਗਾ ਜਿੱਤਿਆ ਏ।

---

**ਇਸਦੇ ਨਾਲ ਹੀ ਸਾਡਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਰਾਸ਼ਟਰੀ ਖ਼ਬਰਾਂ ਦਾ ਬੁਲੇਟਿਨ, ਭਲਕੇ ਸਵੇਰੇ 8 ਵਜ ਕੇ 30 ਮਿੰਟ 'ਤੇ ਹੋਏਗਾ। ਨਮਸਕਾਰ!**